**ਆਕਾਸ਼ਵਾਣੀ ਜਲੰਧਰ**

**ਪ੍ਰਦੇਸ਼ਿਕ ਖਬਰਾਂ ਪੰਜਾਬੀ**

**13:10 Pm**

**ਮਿਤੀ: 05-07-2024**

ਪੰਜਾਬ ਦੇ ਮੁੱਖ ਸਕੱਤਰ ਅਨੁਰਾਗ ਵਰਮਾ ਨੇ, ਸੂਬੇ ਦੇ ਸਾਰੇ ਡਿਪਟੀ ਕਮਿਸ਼ਨਰਾਂ ਨਾਲ ਵੀਡੀਓ ਕਾਨਫਰੰਸ ਕਰਦਿਆਂ, ਉਨ੍ਹਾਂ ਨੂੰ ਮਾਨਸੂਨ ਸੀਜ਼ਨ ਦੌਰਾਨ ਤਿਆਰ ਰਹਿਣ ਦੇ ਨਿਰਦੇਸ਼ ਦਿੱਤੇ ਨੇ, ਤਾਂ ਜੋ ਲੋਕਾਂ ਨੂੰ ਕਿਸੇ ਵੀ ਦਿੱਕਤ ਦਾ ਸਾਹਮਣਾ ਨਾ ਕਰਨਾ ਪਵੇ । ਉਨਾਂ ਡਿਪਟੀ ਕਮਿਸ਼ਨਰਾਂ ਨੂੰ ਹਦਾਇਤ ਕੀਤੀ ਕਿ ਉਹ ਆਪਣੇ ਸਬੰਧਤ ਜ਼ਿਲ੍ਹਿਆਂ ਵਿੱਚ, ਮੁੜ ਤੋਂ ਸੰਵੇਦਨਸ਼ੀਲ ਥਾਵਾਂ ਦਾ ਦੌਰਾ ਕਰਨ ਅਤੇ ਇਹ ਯਕੀਨੀ ਬਣਾਉਣ, ਕਿ ਉੱਥੇ ਹੜ੍ਹ ਰੋਕੂ ਕਾਰਜ ਤਸੱਲੀ-ਬਖ਼ਸ਼ ਢੰਗ ਨਾਲ ਪੂਰੇ ਕੀਤੇ ਗਏ ਨੇ । ਉਨ੍ਹਾਂ ਦੱਸਿਆ ਕਿ ਵੱਖ-ਵੱਖ ਜ਼ਿਲ੍ਹਿਆਂ ਵਿੱਚ, ਕੋਈ ਸਾਢੇ 8 ਲੱਖ ਖਾਲੀ ਥੈਲੇ ਖਰੀਦ ਕੇ ਸੰਵੇਦਨਸ਼ੀਲ ਥਾਵਾਂ ਦੇ ਨੇੜੇ ਉਪਲਬਧ ਕਰਵਾਏ ਗਏ ਨੇ ਤੇ ਹੰਗਾਮੀ ਹਾਲਾਤ ਵਿੱਚ ਮਨੁੱਖਾਂ ਅਤੇ ਪਸ਼ੂ ਧਨ ਲਈ ਸੁਰੱਖਿਅਤ ਥਾਵਾਂ ਦੀ ਪਛਾਣ ਕੀਤੀ ਗਈ ਏ । ਜਲ

ਸਰੋਤ ਵਿਭਾਗ ਦੇ ਪ੍ਰਮੁੱਖ ਸਕੱਤਰ ਕ੍ਰਿਸ਼ਨ ਕੁਮਾਰ ਨੇ ਦੱਸਿਆ ਕਿ ਮੌਜੂਦਾ ਸਮੇਂ, ਭਾਖੜਾ ਡੈਮ ਦਾ ਪੱਧਰ 1590 ਫੁੱਟ ਏ, ਜਿਹੜਾ ਪਿਛਲੇ ਸਾਲ ਦੇ ਪੱਧਰ ਨਾਲੋਂ 8 ਫੁੱਟ ਘੱਟ ਏ। ਇਸੇ ਤਰ੍ਹਾਂ ਪੌਂਗ ਡੈਮ ਪਿਛਲੇ ਸਾਲ ਨਾਲੋਂ 30 ਫੁੱਟ ਅਤੇ ਰਣਜੀਤ ਸਾਗਰ ਡੈਮ ਦਾ ਪੱਧਰ 34 ਫੁੱਟ ਘੱਟ ਏ।

---------------------------------------------------

ਨੀਤੀ ਆਯੋਗ ਵੱਲੋਂ ਚਲਾਏ ਜਾ ਰਹੇ ਸੰਪੂਰਨਤਾ ਅਭਿਆਨ ਤਹਿਤ, ਗੁਰਦਾਸਪੁਰ ਜ਼ਿਲੇ ਦੇ ਡੇਰਾ ਬਾਬਾ ਨਾਨਕ ਵਿਖੇ ਕਲ ਸਮਾਗਮ ਆਯੋਜਿਤ ਕੀਤਾ ਗਿਆ। ਕੁੜੀਆਂ ਦੇ ਸਰਕਾਰੀ ਸੀਨੀਅਰ ਸਕੈਂਡਰੀ ਸਕੂਲ ਵਿਖੇ ਹੋਏ ਇਸ ਸਮਾਗਮ ਵਿਚ, ਡੇਰਾ ਬਾਬਾ ਨਾਨਕ ਹਰਦੀਪ ਸਿੰਘ ਅਤੇ ਡੀ.ਡੀ.ਪੀ.ਓ. ਸਤੀਸ਼ ਕੁਮਾਰ ਸਮੇਤ ਹੋਰ ਪਤਵੰਤੇ ਮੌਜੂਦ ਰਹੇ।

***ਹੋਰ ਵੇਰਵੇ ਨਾਲ ਇਹ ਰਿਪੋਰਟ : ਡਿਸਪੈਚ: ਭਾਰਤ ਸਰਕਾਰ ਵੱਲੋਂ ਆਸਵੰਦ ਜ਼ਿਲ੍ਹਾ ਅਤੇ ਬਲਾਕ ਪ੍ਰੋਗਰਾਮ ਤਹਿਤ ਵੱਖ-ਵੱਖ ਮਾਪਦੰਡਾਂ ਵਿੱਚ ਪਛੜ ਰਹੇ ਜ਼ਿਲ੍ਹਿਆਂ ਦੀ ਕਾਰਗੁਜ਼ਾਰੀ ਵਿੱਚ ਸੁਧਾਰ ਅਤੇ***

ਆਰਥਿਕ ਵਿਕਾਸ ਨੂੰ ਉਤਸ਼ਾਹਿਤ ਕਰਨ ਲਈ ਹੀ ਸੰਪੂਰਨਤਾ ਅਭਿਆਨ ਸ਼ੁਰੂ ਕੀਤਾ ਗਿਆ ਏ । ਜ਼ਿਲ੍ਹਾ ਗੁਰਦਾਸਪੁਰ ਦੇ ਦੋ ਬਲਾਕ ਡੇਰਾ ਬਾਬਾ ਨਾਨਕ ਅਤੇ ਕਲਾਨੌਰ ਇਸ ਵਿਚ ਸ਼ਾਮਲ ਨੇ । ਡੀ.ਡੀ.ਪੀ.ਓ. ਸਤੀਸ਼ ਕੁਮਾਰ ਨੇ ਕਿਹਾ ਕਿ ਜ਼ਿਲ੍ਹਾ ਤੇ ਬਲਾਕ ਪ੍ਰੋਗਰਾਮ ਤਹਿਤ ਸਿਹਤ, ਪੋਸ਼ਣ, ਖੇਤੀਬਾੜੀ, ਸਿੱਖਿਆ, ਸਮਾਜਿਕ ਤਰੱਕੀ ਦੇ ਟੀਚਿਆਂ ਵਾਲ ਖਾਸ ਧਿਆਨ ਦਿੱਤਾ ਜਾਵੇਗਾ । Byte ਭਾਰਤ ਸਰਕਾਰ ਵਲੋਂ ਚਲਾਇਆਂ ਜਾ ਰਹੀਆਂ ਵੱਖ ਵੱਖ ਸਕੀਮਾਂ ਦੇ ਲਾਭਪਾਤਰੀਆਂ ਅਨੁਸਾਰ ਸਕੀਮਾਂ ਤੋਂ ਲਾਹਾ ਲੈ ਕੇ ਉਨਾਂ ਆਪਣਾ ਜੀਵਨ ਪੱਧਰ ਉੱਚਾ ਚੁਕਿਆ ਏ Byte ਸੰਪੂਰਨਤਾ ਅਭਿਆਨ ਤਹਿਤ ਸਕੂਲੀ ਵਿਦਿਆਰਥੀਆਂ ਨੇ ਸੰਪੂਰਨਤਾ ਯਾਤਰਾ ਕੱਢੀ ਅਤੇ ਵਿਦਿਆਰਥੀਆਂ ਦੇ ਰੰਗੋਲੀ ਤੇ ਪੋਸਟਰ ਮੇਕਿੰਗ ਮੁਕਾਬਲੇ ਵੀ ਕਰਵਾਏ ਗਏ । ਸਿਹਤ ਵਿਭਾਗ ਨੇ ਵਿਸ਼ੇਸ਼ ਤੌਰ 'ਤੇ ਮੁਫ਼ਤ ਹੈਲਥ ਕੈਂਪ ਲਗਾਇਆ ਅਤੇ ਬਿਮਾਰੀਆਂ ਤੋਂ ਬਚਣ ਲਈ ਜਾਗਰੂਕਤਾ ਪੈਂਫ਼ਲਿਟ ਵੰਡੇ ਗਏ । ਗੁਰਦਾਸਪੁਰ ਤੋਂ ਬਿਸ਼ੰਭਰ ਬਿੱਟੂ ਨਾਲ ਸ਼ਿਸ਼ੂ ਸ਼ਰਮਾ ਸ਼ਾਂਤਲ, ਆਕਾਸ਼ਵਾਣੀ ਸਮਾਚਾਰ

--------------------------------------------------------------

ਪੰਜਾਬ ਵਿੱਚ ਆਧਾਰ ਦੇ ਪ੍ਰਭਾਵ ਨੂੰ ਵੱਧ ਤੋਂ ਵੱਧ ਵਧਾਉਣ ਦੇ ਉਦੇਸ਼ ਨਾਲ, ਭਾਰਤੀ ਵਿਲੱਖਣ ਪਛਾਣ ਅਥਾਰਟੀ ਦੇ ਚੰਡੀਗੜ੍ਹ ਸਥਿਤ ਖੇਤਰੀ ਦਫ਼ਤਰ ਨੇ ਕਲ ਇੱਕ ਵਰਕਸ਼ਾਪ ਕਰਵਾਈ। ਵਿਸ਼ੇਸ਼ ਮੁੱਖ ਸਕੱਤਰ ਅਤੇ ਮਹਾਤਮਾ ਗਾਂਧੀ ਰਾਜ ਲੋਕ ਪ੍ਰਸ਼ਾਸ਼ਨ ਸੰਸਥਾ ਪੰਜਾਬ ਦੇ ਡਾਇਰੈਕਟਰ ਜਨਰਲ ਅਨਿਰੁੱਧ ਤਿਵਾਰੀ ਨੇ, ਭਾਰਤੀ ਵਿਲੱਖਣ ਪਛਾਣ ਅਥਾਰਟੀ ਦੇ ਖੇਤਰੀ ਦਫਤਰ ਦੇ ਡੀ.ਡੀ.ਜੀ. ਭਾਵਨਾ ਗਰਗ ਦੀ ਮੌਜੂਦਗੀ ਵਿੱਚ ਇਸ ਦਾ ਉਦਘਾਟਨ ਕੀਤਾ। ਇਸ ਦੌਰਾਨ ਆਧਾਰ ਦੇ ਵੱਧ ਤੋਂ ਵੱਧ ਦਾਇਰੇ ਤੇ ਪ੍ਰਭਾਵ ਨੂੰ ਯਕੀਨੀ ਬਣਾਉਣ ਦੇ ਮੱਦੇਨਜ਼ਰ, ਆਧਾਰ ਦੇ ਕੰਮਕਾਜੀ ਪ੍ਰਣਾਲੀ, ਪ੍ਰਮਾਣਿਕਤਾ ਦੀ ਪ੍ਰਕਿਰਿਆ ਅਤੇ ਇਸ ਦੀ ਵਰਤੋਂ ਸਬੰਧੀ ਮਸਲਿਆਂ ’ਤੇ ਵੱਖ-ਵੱਖ ਪੇਸ਼ਕਾਰੀਆਂ ਦਿੱਤੀਆਂ ਗਈਆਂ। ਭਾਵਨਾ ਗਰਗ ਨੇ ਬੱਚਿਆਂ ਦੀ ਨਾਮਜ਼ਦਗੀ ਲਈ ਵੱਖ-ਵੱਖ ਵਿਭਾਗਾਂ ਦੇ ਏਕੀਕਰਣ ਦੀ ਮਹੱਤਤਾ ਨੂੰ ਉਭਾਰਿਆ ਅਤੇ ਕਿਹਾ ਕਿ ਬਾਲਗਾਂ ਲਈ, ਸਖ਼ਤ ਫੀਲਡ ਤਸਦੀਕ ਪ੍ਰਕਿਰਿਆ ਲਾਗੂ ਕੀਤੀ ਗਈ ਏ।

----------------------------------------------------

ਬਠਿੰਡਾ ਦੇ ਡਿਪਟੀ ਕਮਿਸ਼ਨਰ ਜਸਪ੍ਰੀਤ ਸਿੰਘ ਦੀ ਅਗਵਾਈ ਹੇਠ, ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਵਿਖੇ ''ਜਲ ਸ਼ਕਤੀ ਅਭਿਆਨ ਕੈਚ ਦਾ ਰੇਨ- 2024'' ਤਹਿਤ 'ਨਾਰੀ ਸ਼ਕਤੀ ਸੇ ਜਲ ਸ਼ਕਤੀ' ਦੇ ਮੱਦੇਨਜ਼ਰ ਵੱਖ-ਵੱਖ ਵਿਭਾਗਾਂ ਦੇ ਅਧਿਕਾਰੀਆਂ ਨਾਲ, ਕਲ ਇਕ ਮੀਟਿੰਗ ਹੋਈ । ਇਸ ਮੌਕੇ ਉਨ੍ਹਾਂ ਦੇ ਨਾਲ ਆਯੂਸ਼ ਮੰਤਰਾਲੇ ਦੇ ਡਾਇਰੈਕਟਰ ਜਸਬੀਰ ਸਿੰਘ, ਡੀ. ਐਨ.ਡਬਲਿਯੂ.ਆਰ. ਚੰਡੀਗੜ੍ਹ ਦੇ ਵਿਗਿਆਨੀ ਅਮਨਦੀਪ ਕੌਰ ਵੀ ਮੀਟਿੰਗ ਵਿਚ ਵਿਸ਼ੇਸ਼ ਤੌਰ 'ਤੇ ਮੌਜੂਦ ਰਹੇ । ਇਸ ਦੌਰਾਨ ਉਨਾਂ ਵੱਖ-ਵੱਖ ਵਿਭਾਗਾਂ ਦੇ ਅਧਿਕਾਰੀਆਂ ਕੋਲੋਂ, ਜ਼ਿਲ੍ਹੇ ਅੰਦਰ ਪਾਣੀ ਦੀ ਬੱਚਤ ਤੇ ਇਸ ਦੀ ਸੁਚੱਜੀ ਵਰਤੋਂ ਸਬੰਧੀ ਕੀਤੇ ਗਏ ਕਾਰਜਾਂ ਦੀ ਸਮੀਖਿਆ ਕੀਤੀ ਅਤੇ ਪਾਣੀ ਦੀ ਬੱਚਤ ਸਬੰਧੀ ਜਰੂਰੀ ਸੁਝਾਅ ਵੀ ਲਏ ।